# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 20-08-2024**

ਕੇਂਦਰ ਸਰਕਾਰ ਨੇ, ਸਾਰੇ ਕੇਂਦਰੀ ਹਸਪਤਾਲਾਂ ਵਿੱਚ ਸੁਰੱਖਿਆ ਕਰਮਚਾਰੀਆਂ ਦੀ ਤਾਇਨਾਤੀ ਵਿੱਚ 25 ਫੀਸਦੀ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਏ। ਮਿਆਰੀ ਸੁਰੱਖਿਆ ਪ੍ਰੋਟੋਕੋਲ ਤੋਂ ਇਲਾਵਾ ਹਸਪਤਾਲਾਂ ਦੀਆਂ ਆਪਣੀਆਂ ਮੰਗਾਂ ਦੇ ਆਧਾਰ 'ਤੇ ਮਾਰਸ਼ਲਾਂ ਦੀ ਤਾਇਨਾਤੀ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਏ । ਇਸ ਤੋਂ ਇਲਾਵਾ, ਹਸਪਤਾਲਾਂ ਵਿੱਚ ਰੈਜ਼ੀਡੈਂਟ ਡਾਕਟਰਾਂ ਦੀ ਸੁਰੱਖਿਆ ਅਤੇ ਸਹੂਲਤਾਂ ਬਾਰੇ ਵਿਚਾਰ ਕਰਨ ਲਈ ਡਾਇਰੈਕਟਰ ਜਨਰਲ ਸਿਹਤ ਸੇਵਾਵਾਂ ਦੀ ਪ੍ਰਧਾਨਗੀ ਹੇਠ, ਇੱਕ ਕਮੇਟੀ ਦਾ ਗਠਨ ਕੀਤਾ ਜਾਵੇਗਾ।

--------------------------------------------------

ਭਾਰਤੀ ਰਿਜ਼ਰਵ ਬੈਂਕ -RBI ਨੇ ਗਲਤ ਕੰਮਾਂ ਨੂੰ ਰੋਕਣ ਅਤੇ ਨਿਵੇਸ਼ਕਾਂ ਦੇ ਹਿੱਤਾਂ ਦੀ ਰਾਖੀ ਲਈ, ਨਵੇਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ । ਦਿਸ਼ਾ-ਨਿਰਦੇਸ਼ ਇਹ ਯਕੀਨੀ ਬਣਾਉਂਦੇ ਨੇ, ਕਿ ਕਰਜ਼ ਦੇਣ ਵਾਲੇ ਲੈਣ-ਦੇਣ ਵਿੱਚ ਮੂਲ ਤੇ ਵਿਆਜ ਜਾਂ ਦੋਵਾਂ ਦੇ ਰੂਪ ਵਿੱਚ, ਸਾਰੇ ਨੁਕਸਾਨ

ਨੂੰ ਝੱਲਣ । ਕਰਜ਼ੇ ਦੇਣ ਵਾਲੀਆਂ ਜਾਂ ਉਧਾਰ ਦੇਣ ਵਾਲੀਆਂ ਸੰਸਥਾਵਾਂ, ਆਪਣੀਆਂ ਸੇਵਾਵਾਂ ਨੂੰ ਨਿਵੇਸ਼ ਉਤਪਾਦਾਂ ਵਜੋਂ ਉਤਸ਼ਾਹਿਤ ਨਹੀਂ ਕਰ ਸਕਦੀਆਂ ਅਤੇ ਕਰਜ਼ ਦਾਤਿਆਂ ਨੂੰ ਮੂਲ ਤੇ ਵਿਆਜ ਦੋਵਾਂ 'ਤੇ ਹੋਏ ਨੁਕਸਾਨ ਦੀ ਰਿਪੋਰਟ ਕਰਨ ਲਈ ਜਵਾਬਦੇਹ ਨੇ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ 25 ਅਗਸਤ ਨੂੰ, ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਰਾਹੀਂ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਇਹ ਇਸ ਮਹੀਨੇਵਾਰ ਰੇਡੀਓ ਪ੍ਰੋਗਰਾਮ ਦਾ 113ਵਾਂ ਐਪੀਸੋਡ ਹੋਵੇਗਾ । ਪ੍ਰਧਾਨ ਮੰਤਰੀ ਦਫ਼ਤਰ ਨੇ ਇਸ ਪ੍ਰੋਗਰਾਮ ਲਈ, ਲੋਕਾਂ ਤੋਂ ਵਿਚਾਰ ਅਤੇ ਸੁਝਾਅ ਮੰਗੇ ਨੇ। ਇਹ ਸੁਝਾਵ ਟੋਲ ਫਰੀ ਨੰਬਰ - 1800 11 7800 'ਤੇ ਦਿੱਤੇ ਜਾ ਸਕਦੇ ਨੇ। ਇਸ ਤੋਂ ਅਲਾਵਾ ਨਰੇਂਦਰ ਮੋਦੀ ਐਪ ਜਾਂ MY Gov ਓਪਨ ਫੋਰਮ 'ਤੇ ਵੀ ਲੋਕ ਆਪਣੇ ਵਿਚਾਰ ਸਾਂਝੇ ਕਰ ਸਕਦੇ ਨੇ। ਇਹ ਵਿਚਾਰ ਅਤੇ ਸੁਝਾਅ 23 ਅਗਸਤ ਤੱਕ ਭੇਜੇ ਜਾ ਸਕਦੇ ਨੇ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਅੱਜ ਸਾਬਕਾ ਪ੍ਰਧਾਨ ਮੰਤਰੀ ਅਤੇ ਮਰਹੂਮ ਕਾਂਗਰਸ ਨੇਤਾ ਰਾਜੀਵ ਗਾਂਧੀ ਨੂੰ ਉਨ੍ਹਾਂ ਦੀ ਜਯੰਤੀ 'ਤੇ ਯਾਦ

ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਆਪਣੇ ਐਕਸ ਹੈਂਡਲ 'ਤੇ ਲਿਖਿਆ - "ਸਾਡੇ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ।" ਜ਼ਿਕਰਯੋਗ ਏ, ਰਾਜੀਵ ਗਾਂਧੀ 31 ਅਕਤੂਬਰ 1984 ਨੂੰ ਆਪਣੀ ਮਾਂ ਦੀ ਹੱਤਿਆ ਤੋਂ ਬਾਅਦ, ਕਾਂਗਰਸ ਪ੍ਰਧਾਨ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਸਨ।

----------------------------------------------------

ਇਸ ਦੌਰਾਨ ਕਾਂਗਰਸ ਸਾਂਸਦ ਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ, ਰਾਹੁਲ ਗਾਂਧੀ ਨੇ ਅੱਜ ਆਪਣੇ ਮਰਹੂਮ ਪਿਤਾ ਅਤੇ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦੀ 80ਵੀਂ ਜਯੰਤੀ 'ਤੇ, ਵੀਰ ਭੂਮੀ ਪਹੁੰਚ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਰਾਹੁਲ ਨੇ ਵੀਰ ਭੂਮੀ 'ਚ ਉਨ੍ਹਾਂ ਦੀ ਸਮਾਧ 'ਤੇ ਫੁੱਲ ਵੀ ਚੜ੍ਹਾਏ।

----------------------------------------------------

ਪੰਜਾਬ ਦੇ ਵਿਧਾਨ ਸਭਾ ਹਲਕਾ ਨਵਾਂਸ਼ਹਿਰ ਵਿੱਚ, ਸਥਿਤ ਭਗਵਾਨ ਪਰਸ਼ੂਰਾਮ ਜੀ ਦੇ ਜਨਮ ਅਸਥਾਨ ਰਕਾਸਨ ਵਿਖੇ, ਇੱਕ ਵਿਸ਼ਾਲ ਤੀਰਥ ਅਸਥਾਨ ਦਾ ਨਿਰਮਾਣ ਕੀਤਾ ਜਾਵੇਗਾ। ਇਸ ਤਜਵੀਜ਼ ਨੂੰ

ਕੇਂਦਰੀ ਸੈਰ ਸਪਾਟਾ ਮੰਤਰੀ, ਗਜੇਂਦਰ ਸਿੰਘ ਸ਼ੇਖਾਵਤ ਨੇ ਮੰਜ਼ੂਰ ਕਰ ਲਿਆ ਏ। ਉਨ੍ਹਾਂ ਇੱਛਾ ਪ੍ਰਗਟਾਈ ਏ, ਕਿ ਉਹ ਖੁਦ, ਇਸ ਇਤਿਹਾਸਕ ਸਥਾਨ 'ਤੇ ਮੱਥਾ ਟੇਕਣਾ ਚਾਹੁੰਦੇ ਨੇ। ਇਹ ਜਾਣਕਾਰੀ ਪੰਜਾਬ BJP ਦੇ ਉਪ ਪ੍ਰਧਾਨ ਅਤੇ ਸ੍ਰੀ ਅਨੰਦਪੁਰ ਸਾਹਿਬ ਲੋਕ ਸਭਾ ਹਲਕਾ ਇੰਚਾਰਜ ਡਾ. ਸੁਭਾਸ਼ ਸ਼ਰਮਾ ਨੇ ਦਿੱਤੀ ਏ। ਉਨਾਂ ਦੱਸਿਆ ਕਿ ਉਨ੍ਹਾਂ ਨੇ ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੂੰ ਬੇਨਤੀ ਕੀਤੀ ਸੀ, ਕਿ ਇਸ ਸਥਾਨ ਨੂੰ ਇੱਕ ਵਿਸ਼ਾਲ ਤੀਰਥ ਸਥਾਨ ਬਣਾਉਣ ਲਈ, ਪ੍ਰਸਾਦ ਯੋਜਨਾ ਤਹਿਤ ਲਿਆਂਦਾ ਜਾਵੇ ਅਤੇ ਕੇਂਦਰੀ ਮੰਤਰੀ ਨੇ, ਇਸ ਬੇਨਤੀ ਦਾ ਹਾਂ-ਪੱਖੀ ਹੁੰਗਾਰਾ ਭਰਿਆ। ਡਾ. ਸੁਭਾਸ਼ ਸ਼ਰਮਾ ਨੇ ਦੱਸਿਆ ਕਿ ਗੰਜੇਂਦਰ ਸਿੰਘ ਸ਼ੇਖਾਵਤ ਖੁਦ, 22 ਅਗਸਤ ਨੂੰ ਭਗਵਾਨ ਪਰਸ਼ੂਰਾਮ ਦੇ ਇਸ ਇਤਿਹਾਸਕ ਸਥਾਨ 'ਤੇ ਮੱਥਾ ਟੇਕਣਗੇ। ਉਨਾਂ ਦੱਸਿਆ ਕਿ ਇਸ ਸਬੰਧ ਵਿਚ ਰਕਾਸਨ ਮੰਦਿਰ ਕਮੇਟੀ, ਗ੍ਰਾਮ ਪੰਚਾਇਤ ਅਤੇ ਬ੍ਰਹਮਾ ਸਭਾ ਨਵਾਂਸ਼ਹਿਰ ਵਲੋਂ ਗਜੇਂਦਰ ਸਿੰਘ ਸ਼ੇਖਾਵਤ ਦੀ ਆਮਦ 'ਤੇ ਵਿਸ਼ਾਲ ਪ੍ਰੋਗਰਾਮ ਕਰਵਾਇਆ ਜਾ ਰਿਹਾ ਏ।

------------------------------------------------------------

ਗੁਰਦਾਸਪੁਰ ਦੇ ਜੇਲ੍ਹ ਪ੍ਰਸ਼ਾਸਨ ਵੱਲੋਂ ਔਰਤ ਬੰਦੀਆਂ ਲਈ ਜੇਲ੍ਹ ਦੇ ਔਰਤਾਂ ਦੇ ਬਲਾਕ ਵਿੱਚ ਵਿਸ਼ੇਸ਼ ਤੌਰ `ਤੇ ਤੀਆਂ ਦਾ ਤਿਓਹਾਰ ਮਨਾਇਆ ਗਿਆ, ਜਿਸ ਵਿੱਚ ਮਹਿਲਾਵਾਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਤੀਆਂ ਦੇ ਇਸ ਤਿਓਹਾਰ ਵਿੱਚ ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਨੇ ਵਿਸ਼ੇਸ਼ ਤੌਰ `ਤੇ ਸ਼ਮੂਲੀਅਤ ਕੀਤੀ । ਤੀਆਂ ਦੇ ਤਿਉਹਾਰ ਮੌਕੇ ਰੰਗ-ਬਿਰੰਗੇ ਪੰਜਾਬੀ ਪਹਿਰਾਵੇ ਵਿੱਚ ਸੱਜ਼ੀਆਂ ਔਰਤਾਂ ਨੇ ਗਿੱਧੇ ਅਤੇ ਲੋਕ ਗੀਤਾਂ ਜਰੀਏ ਆਪਣੇ ਮਨੋ-ਭਾਵਾਂ ਅਤੇ ਖੁਸ਼ੀ ਦਾ ਖੁੱਲ ਕੇ ਇਜ਼ਹਾਰ ਕੀਤਾ। ਤੀਆਂ ਦੀਆਂ ਖੁਸ਼ੀਆਂ ਮੌਕੇ ਕੇਂਦਰੀ ਜੇਲ੍ਹ ਗੁਰਦਾਸਪੁਰ ਦਾ ਵਿਹੜਾ ਸ਼ਗਨਾਂ ਦੇ ਗੀਤਾਂ ਨਾਲ ਗੂੰਜ ਉੱਠਿਆ ਅਤੇ ਜੇਲ੍ਹ ਵਿੱਚ ਬੰਦ ਮਹਿਲਾਵਾਂ ਲਈ ਇਹ ਮੌਕਾ ਬਹੁਤ ਉਤਸ਼ਾਹ ਵਾਲਾ ਹੋ ਨਿਭੜਿਆ । ਇਸ ਮੌਕੇ ਸਮਾਜ ਨੂੰ ਵਧੀਆ ਸੁਨੇਹਾ ਦੇਣ ਵਾਲੇ ਵੱਖ-ਵੱਖ ਪ੍ਰੋਗਰਾਮ ਵੀ ਪੇਸ਼ ਕੀਤੇ ਗਏ । ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਨੇ ਕਿਹਾ ਕਿ ਤੀਆਂ ਦੇ ਤਿਓਹਾਰ ਦਾ ਇਹ ਉਪਰਾਲਾ

ਬਹੁਤ ਵਧੀਆ ਏ, ਜਿਸ ਨਾਲ ਉਨ੍ਹਾਂ ਨੂੰ ਮਾਨਸਿਕ ਤੌਰ `ਤੇ ਖੁਸ਼ੀ ਮਿਲੀ ਹੋਵੇਗੀ।

-----------------------------------------------------------

ਪੈਰਿਸ ਓਲੰਪਿਕਸ ’ਚ ਹਾਕੀ ਵਿੱਚ, ਕਾਂਸੀ ਤਮਗ਼ਾ ਜੇਤੂ ਪੰਜਾਬ ਦੇ 2 ਪੀ.ਸੀ.ਐਸ. ਅਫਸਰਾਂ ਹਾਰਦਿਕ ਸਿੰਘ ਤੇ ਗੁਰਜੰਟ ਸਿੰਘ ਨੇ, ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨਾਲ ਮੁਲਾਕਾਤ ਕੀਤੀ। ਇਸ ਮੌਕੇ ਟੋਕੀਓ ਓਲੰਪਿਕ ਖੇਡਾਂ ਦੇ ਕਾਂਸੀ ਤਮਗ਼ਾ ਜੇਤੂ ਪੰਜਾਬ ਦੇ 2 ਪੀ.ਸੀ.ਐਸ. ਅਫਸਰ ਰੁਪਿੰਦਰ ਪਾਲ ਸਿੰਘ ਤੇ ਸਿਮਰਨਜੀਤ ਸਿੰਘ ਵੀ ਮੌਜੂਦ ਰਹੇ। ਮੁੱਖ ਸਕੱਤਰ ਵਰਮਾ ਨੇ ਹਾਕੀ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸਮੁੱਚੇ ਦੇਸ਼ ਨੂੰ ਉਨ੍ਹਾਂ ਉਤੇ ਮਾਣ ਏ, ਜਿਨ੍ਹਾਂ 52 ਸਾਲਾਂ ਬਾਅਦ ਓਲੰਪਿਕ ਖੇਡਾਂ ਵਿੱਚ ਹਾਕੀ ਖੇਡ ਵਿੱਚ ਲਗਾਤਾਰ, ਦੋ ਵਾਰੀ ਤਮਗ਼ਾ ਜਿੱਤਿਆ ਏ। ਉਨ੍ਹਾਂ ਕਿਹਾ ਕਿ ਪੰਜਾਬ ਲਈ ਹੋਰ ਵੀ ਮਾਣ ਵਾਲੀ ਗੱਲ ਏ, ਕਿ 19 ਮੈਂਬਰੀ ਟੀਮ ਵਿੱਚ ਕਪਤਾਨ ਤੇ ਉਪ ਕਪਤਾਨ ਸਮੇਤ 10 ਖਿਡਾਰੀ ਪੰਜਾਬ ਦੇ ਸਨ। ਦੋਵੇਂ ਹਾਕੀ

ਖਿਡਾਰੀਆਂ ਨੇ, ਮੁੱਖ ਸਕੱਤਰ ਨਾਲ ਪੈਰਿਸ ਓਲੰਪਿਕਸ ਦੇ ਤਜ਼ਰਬੇ ਸਾਂਝੇ ਕੀਤੇ।

---

ਪਦਮ ਪੁਰਸਕਾਰ 2025 ਲਈ, ਨਾਮਜ਼ਦਗੀਆਂ 15 ਸਤੰਬਰ ਤੱਕ ਦਿੱਤੀਆਂ ਜਾ ਸਕਦੀਆਂ ਨੇ। ਦਿਲਚਸਪੀ ਰੱਖਣ ਵਾਲੇ ਭਾਗੀਦਾਰ ਨੈਸ਼ਨਲ ਅਵਾਰਡਜ਼ ਪੋਰਟਲ, awards.gov.in 'ਤੇ ਆਪਣੀਆਂ ਨਾਮਜ਼ਦਗੀਆਂ ਜਮ੍ਹਾਂ ਕਰ ਸਕਦੇ ਨੇ। ਪਦਮ ਪੁਰਸਕਾਰ, ਦੇਸ਼ ਦੇ ਸਰਵਉੱਚ ਨਾਗਰਿਕ ਸਨਮਾਨਾਂ ਵਿੱਚੋਂ ਇੱਕ ਨੇ। ਇਹ ਪੁਰਸਕਾਰ ਤਿੰਨ ਸ਼੍ਰੇਣੀਆਂ ਵਿੱਚ ਦਿੱਤੇ ਜਾਂਦੇ ਨੇ।